ਵਰਲਡ ਪੰਜਾਬੀ ਟਾਈਮਜ਼
WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 11 ਮਾਰਚ 2026 ਦਿਨ ਬੁੱਧਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼

ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਅੰਤਰਰਾਸ਼ਟਰੀ ਸਾਹਿਤਕ ਸਾਂਝਾਂ ਵੱਲੋਂ ਆਨਲਾਈਨ ਕਵੀ ਦਰਬਾਰ ਅਤੇ ਵਿਚਾਰ ਚਰਚਾ ਵੈਬੀਨਾਰ ਅਮਿੱਟ ਪੈੜਾਂ ਛੱਡਦਾ ਸਮਾਪਤ ਹੋਇਆ

ਵਰਲਡ ਪੰਜਾਬੀ ਟਾਈਮਜ਼
ਰਮਿੰਦਰ ਰੰਮੀ

ਬਰੈਂਪਟਨ , 11 ਮਾਰਚ : ਅੰਤਰਰਾਸ਼ਟਰੀ ਸਾਹਿਤਕ ਸਾਂਝਾ ਦੇ ਫ਼ਾਊਂਡਰ , ਪ੍ਰਧਾਨ ਅਤੇ ਪ੍ਰਬੰਧਕ ਰਮਿੰਦਰ ਰੰਮੀ ਅਤੇ ਪ੍ਰਬੰਧਕੀ ਟੀਮ ਮੈਂਬਰਜ਼ ਵੱਲੋਂ 8 ਮਾਰਚ ਐਤਵਾਰ ਨੂੰ ਮਹੀਨਾਵਾਰ ਅੰਤਰਰਾਸ਼ਟਰੀ ਵੈਬੀਨਾਰ (ਕਾਵਿ ਮਿਲਣੀ) ਪ੍ਰੋਗਰਾਮ , ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਸਬੰਧ ਵਿੱਚ ਕਰਾਇਆ ਗਿਆ । ਇਸ ਪ੍ਰੋਗਰਾਮ ਵਿੱਚ ਦੇਸ਼ ਵਿਦੇਸ਼ ਤੋਂ ਬਹੁਤ ਸਾਰੀਆਂ ਅਦਬੀ ਸ਼ਖ਼ਸੀਅਤਾਂ ਨੇ ਹਿੱਸਾ ਲਿਆ । ਰਮਿੰਦਰ ਰੰਮੀ ਨੇ ਸੱਭ ਨੂੰ ਨਿੱਘਾ ਜੀ ਆਇਆਂ ਕਿਹਾ ਅਤੇ ਅੰਤਰਰਾਸ਼ਟਰੀ ਸਾਹਿਤਕ ਸਾਂਝਾਂ ਵੱਲੋਂ ਹੋ ਰਹੇ ਪ੍ਰੋਗਰਾਮਾਂ ਦੀ ਜਾਣਕਾਰੀ ਸਾਂਝੀ ਕੀਤੀ । ਇਸ ਕਾਵਿ ਮਿਲਣੀ ਦਾ ਮੰਚ ਸੰਚਾਲਨ ਸੰਸਥਾ ਦੇ ਕਨਵੀਨਰ ਡਾ . ਬਲਜੀਤ ਕੌਰ ਰਿਆੜ ਜੀ ਨੇ ਕੀਤਾ ਜੋ ਬਹੁਤ ਕਾਬਿਲੇ ਤਾਰੀਫ਼ ਸੀ ।ਡਾ . ਬਲਜੀਤ ਜੀ ਬਹੁਤ ਮੰਝੇ ਹੋਏ ਐਂਕਰ ਅਤੇ ਹੋਸਟ ਹਨ । ਡਾ. ਬਲਜੀਤ ਕੌਰ ਰਿਆੜ ਨੇ ਬੜੇ ਵਿਦਵਤਾ ਭਰਪੂਰ ਅੰਦਾਜ਼ ਨਾਲ ਇਸ ਪ੍ਰੋਗਰਾਮ ਦਾ ਸੰਚਾਲਨ ਕੀਤਾ ਅਤੇ ਵਿਲੱਖਣ ਅੰਦਾਜ਼ ਵਿੱਚ ਸਭ ਦੀ ਜਾਣਕਾਰੀ ਦਿੱਤੀ । ਡਾ . ਬਲਜੀਤ ਜੀ ਨੇ ਦੱਸਿਆ ਕਿ ਵਿਚਾਰ ਚਰਚਾ ਪੈਨਲ ਵਿਚ ਹਾਜ਼ਰੀਨ ਵਿਦਵਾਨ ਆਪਣੇ ਆਪ ਵਿੱਚ ਇੱਕ ਸੰਸਥਾ ਹਨ ।

ਅੰਤਰਰਾਸ਼ਟਰੀ ਸਾਹਿਤਕ ਸਾਂਝਾਂ ਦੀ ਫ਼ਾਊਂਡਰ ਰਮਿੰਦਰ ਵਾਲੀਆ ਦੀ ਅਗਵਾਈ ਵਿੱਚ ਕਰਾਏ ਗਏ ਇਸ ਪ੍ਰੋਗਰਾਮ ਵਿੱਚ ਕਵੀ ਦਰਬਾਰ ਅਤੇ ਵਿਚਾਰ ਚਰਚਾ ਦਾ ਆਯੋਜਨ ਕੀਤਾ ਗਿਆ ।ਇਸ ਪ੍ਰੋਗਰਾਮ ਵਿੱਚ ਵਿਦਵਾਨ ਤੇ ਚਿੰਤਕ ਔਰਤਾਂ ਨੇ ਸ਼ਿਰਕਤ ਕੀਤੀ । ਡਾਕਟਰ ਸਰਬਜੀਤ ਕੌਰ ਸੋਹਲ ਚੇਅਰ ਪਰਸਨ ਅੰਤਰਰਾਸ਼ਟਰੀ ਸਾਹਿਤਕ ਸਾਂਝਾਂ ਨੇ ਆਪਣੀ ਖ਼ੂਬਸੂਰਤ ਨਜ਼ਮ (ਸਮਝਦਾਰ ਔਰਤਾਂ) ਦੀ ਪੇਸ਼ਕਾਰੀ ਕਰਕੇ , ਆਪਣੇ ਵਿਚਾਰ ਸਾਂਝੇ ਕਰਦਿਆਂ ਔਰਤ ਦੀ ਸਥਿਤੀ ਨੂੰ ਅਜੇਕੇ ਯੁਗ ਵਿੱਚ ਵੀ ਚੁਣੌਤੀਆਂ ਭਰਪੂਰ ਦੱਸਿਆ ।ਉਹਨਾਂ ਨੇ ਸਮਾਜ ਵਿੱਚ ਪਰਿਵਾਰਿਕ ਸਮਾਜਿਕ ਪੱਧਰ ਤੇ ਔਰਤ ਨਾਲ ਹੁੰਦੇ ਵਿਤਕਰਿਆਂ ਦੀ ਗੱਲ ਕੀਤੀ। ਕੰਮ ਦੇ ਸਥਾਨ ਤੇ ਵੀ ਔਰਤਾਂ ਨੂੰ ਮੁਸ਼ਕਲਾਂ ਸਹਿਣੀਆਂ ਪੈਂਦੀਆਂ ਹਨ ਇਸ ਸਬੰਧੀ ਵੀ ਉਹਨਾਂ ਨੇ ਵਿਚਾਰ ਪ੍ਰਗਟ ਕੀਤੇ ।ਡਾ. ਸੋਹਲ ਨੇ ਦੱਸਿਆ ਕਿ ਔਰਤ ਦੀਆਂ ਘਰੇਗੀ ਜ਼ਿੰਮੇਵਾਰੀਆਂ ਤੋਂ ਇਲਾਵਾ ਉਹਨੂੰ ਇੱਕ ਵਸਤੂ ਦੇ ਰੂਪ ਵਿੱਚ ਸਮਝੇ ਜਾਣ ਦਾ ਰੁਝਾਨ ਹਾਲੇ ਤੱਕ ਕਾਇਮ ਹੈ। ਔਰਤ ਦੀਆਂ ਭਾਵਨਾਤਮਕ ਲੋੜਾਂ ਨੂੰ ਹਾਲੇ ਵੀ ਕੋਈ ਮਹੱਤਵ ਨਹੀਂ ਦਿੱਤਾ ਜਾਂਦਾ।ਉਹਨਾਂ ਨੇ ਵੰਡੇ ਅਹੁਦਿਆਂ ਤੇ ਬਿਰਾਜਮਾਨ ਔਰਤਾਂ ਪ੍ਰਤੀ ਵੀ ਸਮਾਜ ਦੀ ਸੌੜੀ ਮਾਨਸਿਕਤਾ ਦਾ ਜ਼ਿਕਰ ਕੀਤਾ। ਉਪਰੰਤ ਡਾਕਟਰ ਹਰਸ਼ਿੰਦਰ ਕੌਰ ਨੇ ਮਹਿਲਾ ਦਿਵਸ ਦੀ ਮੁਬਾਰਕਬਾਦ ਨੂੰ ਅਜੇਕੇ ਦੌਰ ਵਿੱਚ ਬਹੁਤ ਵੰਗਾਰ ਭਰਿਆ ਦੱਸਿਆ । ਕਿਉਂਕਿ ਹਾਲੇ ਵੀ ਸਿਹਤ ਅੰਕੜੇ ਇਸ ਗੱਲ ਵੱਲ ਇਸ਼ਾਰਾ ਕਰਦੇ ਹਨ ਕਿ ਔਰਤ ਪੂਰੀ ਤਰਾਂ ਸਿਹਤਯਾਬ ਵੀ ਨਹੀਂ ਤੇ ਹਾਲੇ ਵੀ ਸਮਾਜ ਵਿੱਚ ਸ਼ੋਸ਼ਣ ਦਾ ਸ਼ਿਕਾਰ ਵੀ ਹੈ।ਉਹਨਾਂ ਨੇ ਕੁਝ ਘਟਨਾਵਾਂ ਤੇ ਅੰਕੜਿਆਂ ਦੇ ਅਧਾਰ ਤੇ ਦਰਸ਼ਕਾਂ ਨੂੰ ਜਾਣਕਾਰੀ ਦਿੱਤੀ , ਜਿਸ ਨੇ ਸਭ ਨੂੰ ਸੋਚਣ ਲਈ ਮਜ਼ਬੂਰ ਕਰ ਦਿੱਤਾ। ਉਹਨਾਂ ਨੇ ਬਾਲੜੀਆਂ ਦੇ ਹੁੰਦੇ ਬਲਾਤਕਾਰ ਤੇ ਚਿੰਤਾ ਪ੍ਰਗਟ ਕੀਤੀ ਅਤੇ ਨਾਰੀ ਦਾ ਆਪਣੇ ਆਪ ਨੂੰ ਸੁਰੱਖਿਤ ਨਾ ਸਮਝਣ ਦਾ ਮੁੱਦਾ ਵੀ ਉਠਾਇਆ । ਉਹਨਾਂ ਨੇ ਅਜਿਹੀਆਂ ਉਦਾਹਰਣਾਂ ਵੀ ਦਿੱਤੀਆਂ ਜਿਹੜੀਆਂ ਇੱਕਵੀ ਸਦੀ ਦੀ ਔਰਤ ਨੂੰ ਹਾਲੇ ਵੀ ਇੱਕ ਚੁਣੌਤੀ ਅਤੇ ਚਿੰਤਾ ਨਾਲ ਘੇਰਦੀਆਂ ਹਨ। ਉਹਨਾਂ ਨੇ ਔਰਤ ਦੀ ਮਾਨਸਿਕ ਅਤੇ ਸਮਾਜਿਕ ਪੀੜਾ ਦੀ ਗੱਲ ਕੀਤੀ । ਪਰਿਵਾਰਿਕ ਮੁਸ਼ਕਿਲਾਂ ਦੇ ਨਾਲ ਨਾਲ ਔਰਤਾਂ ਨੂੰ ਸਟੇਟਸ ਸਿੰਬਲ ਦੇ ਰੂਪ ਵਿੱਚ ਵੀ ਆਪਣੀਆਂ ਭਾਵਨਾਵਾਂ ਦੀ ਕੁਰਬਾਨੀ ਦੇਣੀ ਪੈਂਦੀ ਹੈ ।ਉਹਨਾਂ ਨੇ ਆਪਣੇ ਡਾਕਟਰੀ ਪੇਸ਼ੇ ਦੇ ਅਨੁਭਵ ਦੇ ਅਧਾਰ ਤੇ ਚਾਰ ਪੰਜ ਅਜਿਹੇ ਕੇਸ ਦਰਸ਼ਕਾਂ ਨਾਲ ਸਾਂਝੇ ਕੀਤੇ ਜਿਨਾਂ ਵਿੱਚ ਔਰਤ ਨੂੰ ਇੱਕ ਮਾਨਣ ਵਾਲੀ ਵਸਤੂ ਦੇ ਤੌਰ ਤੇ ਸਮਝ ਕੇ ਉਸ ਨਾਲ ਜਾਨਵਰਾਂ ਤੋਂ ਵੀ ਬਦਤਰ ਵਿਹਾਰ ਕੀਤਾ ਗਿਆ ਦੱਸਿਆ । ਉਨ੍ਹਾਂ ਦੱਸਿਆ ਕਿ ਭਾਰਤ ਵਿੱਚ ਹਾਲੇ ਵੀ ਔਰਤਾਂ ਨੂੰ ਸੈਕਿੰਡ ਸਿਟੀਜਨ ਸਮਝਿਆ ਜਾਂਦਾ ਹੈ। ਉਨ੍ਹਾਂ ਨਾਰੀ ਨੂੰ ਆਪਣੇ ਹੱਕਾਂ ਅਤੇ ਜ਼ਿੰਮੇਵਾਰੀਆਂ ਪ੍ਰਤੀ ਸੁਚੇਤ ਰਹਿਣ ਲਈ ਪ੍ਰੇਰਿਤ ਕੀਤਾ।ਪ੍ਰੋ ਕੁਲਜੀਤ ਕੌਰ ਨੇ ਨਾਰੀ ਦੀ ਜ਼ਿੰਦਗੀ ਨੂੰ ਸਹਿਣਸ਼ੀਲਤਾ,ਸਮਰਪਣ, ਸੰਵੇਦਨਾ ਅਤੇ ਸਾਦਗੀ ਦੇ ਦੇ ਦਾਇਰੇ ਵਿੱਚ ਵਿਚਰਦੀ ਦੱਸਿਆ। ਉਨ੍ਹਾਂ ਕਿਹਾ ਕਿ ਅਜੇਕੀ ਨਾਰੀ ਦੀ ਦੌੜ ਅੱਗੇ ਨਿਕਲਣ ਦੀ ਨਹੀਂ ਸਗੋਂ ਬਰਾਬਰਤਾ ਦੀ ਹੈ। ਡਾ . ਪੁਸ਼ਵਿੰਦਰ ਜੀ ਨੇ ਕਿਥਾ ਕਿ ਔਰਤ ਸ਼ੁਰੂ ਤੋਂ ਹੀ ਮਰਦ ਦੇ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਦੀ ਹੈ । ਉਹਨਾਂ ਇਹ ਵੀ ਦੱਸਿਆ ਕਿ ਅੱਜ ਦੇ ਦਿਨ ਦੀ ਸਾਰਥਕਤਾ ਇਹੀ ਹੈ ਕਿ ਇੱਕ ਔਰਤ ਦੂਸਰੀ ਔਰਤ ਦਾ ਸਤਿਕਾਰ ਕਰੇ । ਹੋਰ ਵੀ ਬਹੁਤ ਮਹਤੱਵਪੂਰਨ ਨੁਕਤੇ ਉਹਨਾਂ ਸਾਂਝੇ ਕੀਤੇ ।ਡਾ . ਨਿਗਹਤ ਖ਼ੁਰਸ਼ੀਦ ਜੀ ਨੇ ਦੱਸਿਆ ਕਿ ਔਰਤ ਭਾਵੇਂ ਲਹਿੰਦੇ ਦੀ ਹੈ ਜਾਂ ਚੜ੍ਹਦੇ ਦੀ , ਕੈਨੇਡਾ , ਇੰਗਲੈਂਡ , ਅਮਰੀਕਾ ਜਾਂ ਕਿਸੇ ਵੀ ਮੁਲਕ ਦੀ ਹੋਵੇ ਉਸਦੇ ਮਸਲੇ ਇੱਕੋ ਜਿਹੇ ਹਨ ।ਸ . ਮਲੂਕ ਸਿੰਘ ਕਾਹਲੋਂ ਨੇ ਸਾਕਾਰਾਤਮਕ ਸੋਚ ਦਾ ਮਹੱਤਵ ਦੱਸਦਿਆਂ ਨਾਰੀ ਪ੍ਰਤੀ ਸਮਾਜਕ ਸੋਚ ਦੇ ਨਾਲ ਨਾਲ ਸਿਸਟਮ ਦੀਆਂ ਖਾਮੀਆਂ ਬਾਰੇ ਵੀ ਜ਼ਿਕਰ ਕੀਤਾ।ਡਾ . ਦਲਬੀਰ ਸਿੰਘ ਕਥੂਰੀਆ ਜੀ ਚੇਅਰਮੈਨ ਵਿਸ਼ਵ ਪੰਜਾਬੀ ਸਭਾ ਨੇ ਮਹਿਲਾ ਦਿਵਸ ਮੌਕੇ ਇਸ ਵਧਾਈ ਦਿੱਤੀ ਤੇ ਪ੍ਰੋਗਰਾਮ ਦੀ ਸਰਾਹੁਣਾ ਵੀ ਕੀਤੀ ।

ਡਾ . ਪ੍ਰਿਤਪਾਲ ਕੌਰ ਚਾਹਲ ਜੀ ਨੇ ਆਪਣੀ ਨਜ਼ਮ (ਖੁੱਦ ਚੋਂ ਖ਼ੁਦਾ ਦੀ ਤਲਾਸ਼ ਅਤੇ ਛੱਲਾ) ਬਹੁਤ ਸੁਰੀਲੀ ਅਵਾਜ਼ ਵਿੱਚ ਗਾ ਕੇ ਸੁਣਾਈਆਂ। ਗਿਮੀ ਸ਼ਗੁਫ਼ਤਾ ਜੀ ਨੇ ਬਹੁਤ ਭਾਵਪੂਰਤ ਨਜ਼ਮ (ਮੈਂ ਪੜ੍ਹਣਾ ਚਾਹੁੰਦੀ ਸੀ) ਨੂੰ ਪੇਸ਼ ਕੀਤਾ । ਡਾ . ਨੀਨਾ ਸੈਣੀ ਜੀ ਨੇ ਆਪਣੀ ਮਾਂ ਬਾਰੇ ਦਿਲ ਨੂੰ ਛੂੰਹਦੀ ਇਕ ਨਜ਼ਮ ਸੁਣਾਈ। ਸੁਰਿੰਦਰ ਕੌਰ ਭੋਗਲ ਨੇ (ਹੁਣ ਲੁੱਕ ਲੁੱਕ ਕਿਉਂ ਰੌਣੀ ਏ ਮਾਏ) ਬਹੁਤ ਭਾਵਪੂਰਤ ਨਜ਼ਮ ਨੂੰ ਗਾ ਕੇ ਸੁਣਾਇਆ ।

ਅੰਤ ਵਿੱਚ ਚੇਅਰਮੈਨ ਸ . ਪਿਆਰਾ ਕੁੱਦੋਵਾਲ ਜੀ ਨੇ ਪ੍ਰੋਗਰਾਮ ਨੂੰ ਸਮਅਪ ਕਰਦਿਆਂ ਕਿਹਾ ਕਿ ਵਿਦਵਾਨਾਂ ਤੋਂ ਬਹੁਤ ਹੀ ਭਾਵਪੂਰਤ ਗੱਲਾਂ ਸੁਨਣ ਨੂੰ ਮਿਲੀਆਂ । ਉਹਨਾਂ ਨੇ ਕਿਹਾ ਕਿ ਡਾ. ਸੋਹਲ ਨੇ ਆਪਣੀ ਨਜ਼ਮ ਵਿੱਚ ਲੜਕੀਆਂ ਦੇ ਬਹੁਤ ਮਹੀਨ ਮਸਲਿਆਂ ਨੂੰ ਵੀ ਬਹੁਤ ਭਾਵਪੂਰਤ ਤਰੀਕੇ ਨਾਲ ਪੇਸ਼ ਕੀਤਾ ਹੈ । ਉਹਨਾਂ ਕਿਹਾ ਪ੍ਰੋ. ਕੁਲਜੀਤ ਜੀ ਨੇ ਔਰਤ ਦੀ ਬਰਾਬਰੀ ਦੀ ਗੱਲ ਕੀਤੀ ਤੇ ਪੋਜ਼ਿਟਿਵਟੀ ਦੀ ਗੱਲ ਵੀ ਕੀਤੀ ।ਬਹੁਤ ਵਧੀਆ ਵਿਚਾਰ ਉਹਨਾਂ ਪੇਸ਼ ਕੀਤੇ । ਪਿਆਰਾ ਸਿੰਘ ਜੀ ਨੇ ਅੰਤ ਵਿੱਚ ਇਹ ਕਿਹਾ ਕਿ ਅੱਜ ਇਸ ਤਰਾਂ ਸੱਗਿਆ ਕਿ ਜਿਵੇਂ ਅਸੀਂ ਯੂਨੀਵਰਿਸਟੀ ਦੇ ਕਿਸੇ ਹਾਲ ਵਿਚ ਬੈਠੇ ਹੋਈਏ ਤੇ ਵਿਦਵਾਨਾਂ ਵੱਲੋਂ ਪਰਚੇ ਪੜ੍ਹੇ ਗਏ ਹੋਣ ਤੇ ਵਿਚਾਰ ਚਰਚਾ ਕੀਤੀ ਗਈ ਹੋਵੇ । ਉਹਨਾਂ ਆਪਣੀਆਂ ਮੁਲਵਾਨ ਅਤੇ ਉਤਸ਼ਾਹ ਵਧਾਊ ਟਿੱਪਣੀਆਂ ਰਾਹੀਂ ਔਰਤ ਦੀ ਵਰਤਮਾਨ ਸਥਿਤੀ ਬਾਰੇ ਵੀ ਸੂਖਮ ਤੇ ਸੰਵੇਦਨਾ ਭਰਪੂਰ ਵਿਚਾਰ ਸਾਂਝੇ ਕੀਤੇ। ਅੰਤ ਵਿਚ ਉਨਾਂ ਨੇ ਆਏ ਹੋਏ ਸੱਭ ਮਹਿਮਾਨਾਂ ਦਾ ਧੰਨਵਾਦ ਕੀਤਾ । ਦੇਸ਼ ਵਿਦੇਸ਼ ਤੋਂ ਬਹੁਤ ਅਦਬੀ ਸ਼ਖ਼ਸੀਅਤਾਂ ਨੇ ਇਸ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ । ਇਹ ਰਿਪੋਰਟ ਪ੍ਰੋ. ਕੁਲਜੀਤ ਜੀ ਨੇ ਰਮਿੰਦਰ ਰੰਮੀ ਨੂੰ ਸਾਂਝੀ ਕੀਤੀ

ਧਾਰਮਿਕ ਸੰਸਥਾਵਾਂ ਦੇ ਬਾਹਰ ਰੋਸ ਮੁਜ਼ਾਹਰਿਆਂ 'ਤੇ ਲੱਗੇਗੀ ਪਾਬੰਦੀ – ਬੀ.ਸੀ. ਵਿਧਾਨ ਸਭਾ ਵਿੱਚ 'ਬਿੱਲ 13' ਪੇਸ਼

ਵਰਲਡ ਪੰਜਾਬੀ ਟਾਈਮਜ਼
ਹਰਦਮ ਮਾਨ

ਸਰੀ, 11 ਮਾਰਚ : ਬ੍ਰਿਟਿਸ਼ ਕੋਲੰਬੀਆ ਦੀ ਸਰਕਾਰ ਵੱਲੋਂ ਸੂਬੇ ਦੇ ਧਾਰਮਿਕ ਅਸਥਾਨਾਂ ਦੀ ਮਰਿਆਦਾ ਅਤੇ ਸ਼ਾਂਤੀ ਨੂੰ ਬਹਾਲ ਰੱਖਣ ਲਈ ਇੱਕ ਅਹਿਮ ਕਦਮ ਚੁੱਕਦਿਆਂ ਵਿਧਾਨ ਸਭਾ ਵਿੱਚ 'ਬਿੱਲ 13' ਪੇਸ਼ ਕੀਤਾ ਗਿਆ ਹੈ। ਇਸ ਨਵੇਂ ਕਾਨੂੰਨ ਦੇ ਲਾਗੂ ਹੋਣ ਨਾਲ ਮੰਦਰਾਂ, ਗੁਰਦੁਆਰਿਆਂ, ਮਸੀਤਾਂ ਅਤੇ ਚਰਚ ਦੇ ਬਾਹਰ ਕਿਸੇ ਵੀ ਤਰ੍ਹਾਂ ਦੇ ਰੋਸ ਮੁਜ਼ਾਹਰੇ, ਹੰਗਾਮੇ ਜਾਂ ਅਪਮਾਨਜਨਕ ਸ਼ਬਦਾਵਲੀ ਦੀ ਵਰਤੋਂ ਕਰਨ ਦੀ ਮੁਕੰਮਲ ਮਨਾਹੀ ਹੋਵੇਗੀ।

ਬੀਤੇ ਦਿਨੀਂ ਪ੍ਰੀਮੀਅਰ ਡੇਵਿਡ ਈਬੀ ਅਤੇ ਅਟਾਰਨੀ ਜਨਰਲ ਨਿੱਕੀ ਸ਼ਰਮਾ ਨੇ ਹੋਰਨਾਂ ਮੰਤਰੀਆਂ ਸਮੇਤ ਮੀਡੀਆ ਨਾਲ ਰੂ-ਬਰੂ ਹੁੰਦਿਆਂ ਇਸ ਬਿੱਲ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਵੱਖ-ਵੱਖ ਧਾਰਮਿਕ ਸੰਸਥਾਵਾਂ ਦੇ ਆਗੂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਰਕਾਰ ਨੇ ਸਪੱਸ਼ਟ ਕੀਤਾ ਕਿ ਲੋਕ ਧਾਰਮਿਕ ਸਥਾਨਾਂ 'ਤੇ ਮਨ ਦੀ ਸ਼ਾਂਤੀ ਅਤੇ ਆਪਣੀ ਆਸਥਾ ਮੁਤਾਬਿਕ ਨਤਮਸਤਕ ਹੋਣ ਜਾਂਦੇ ਹਨ ਅਤੇ ਕਿਸੇ ਨੂੰ ਵੀ ਇਸ ਸ਼ਾਂਤੀ ਨੂੰ ਭੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

ਇਹ ਬਿੱਲ ਵੱਖ-ਵੱਖ ਧਾਰਮਿਕ ਸੰਸਥਾਵਾਂ ਵੱਲੋਂ ਸਰਕਾਰ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ ਸ਼ਿਕਾਇਤਾਂ ਅਤੇ ਚਿੰਤਾਵਾਂ ਤੋਂ ਬਾਅਦ ਤਿਆਰ ਕੀਤਾ ਗਿਆ ਹੈ। ਬਿੱਲ ਦੀ ਪਹਿਲੀ ਪੜਤਾਲ ਮੁਕੰਮਲ ਹੋ ਚੁੱਕੀ ਹੈ ਅਤੇ ਦੂਜੀ ਪੜਤਾਲ ਦੌਰਾਨ ਇਹ ਕਾਨੂਨੀ ਬਹਿਸ ਤੋਂ ਬਾਅਦ ਇਹ ਕਾਨੂੰਨੀ ਰੂਪ ਲੈ ਲਵੇਗਾ। ਇਹ ਕਾਨੂੰਨ ਸ਼ੁਰੂਆਤੀ ਤੌਰ 'ਤੇ 2 ਸਾਲਾਂ ਲਈ ਲਾਗੂ ਹੋਵੇਗਾ ਅਤੇ ਹਾਲਾਤ ਨੂੰ ਦੇਖਦੇ ਹੋਏ ਇਸ ਦੀ ਮਿਆਦ ਅੱਗੇ ਵਧਾਈ ਜਾ ਸਕੇਗੀ।

ਅਟਾਰਨੀ ਜਨਰਲ ਨਿੱਕੀ ਸ਼ਰਮਾ ਵੱਲੋਂ ਪੇਸ਼ ਕੀਤੇ ਗਏ ਇਸ ਬਿੱਲ ਦਾ ਵਿਰੋਧੀ ਧਿਰ ਵੱਲੋਂ ਕੋਈ ਵਿਰੋਧ ਨਹੀਂ ਕੀਤਾ ਗਿਆ ਅਤੇ ਸਮੂਹ ਧਾਰਮਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਬੀ.ਸੀ. ਸਰਕਾਰ ਦੇ ਇਸ ਫੈਸਲੇ ਨਾਂ ਜ਼ੋਰਦਾਰ ਸਵਾਗਤ ਕੀਤਾ ਹੈ।

40 ਸਾਲਾਂ ਬਾਅਦ, ਭਾਗੂ ਰੋਡ ਨੂੰ ਚੌੜਾ ਕਰਨ ਦਾ ਸੁਪਨਾ ਹੋਇਆ ਸਾਕਾਰ ਹੋਇਆ: ਮੇਅਰ ਪਦਮਜੀਤ ਸਿੰਘ ਮਹਿਤਾ ਨੇ 1.5 ਕਰੋੜ ਦੇ ਪ੍ਰੋਜੈਕਟ ਦਾ ਰੱਖਿਆ ਨੀਂਹ ਪੱਥਰ

ਬਿਜਲੀ ਦੇ ਖੰਭਿਆਂ ਨੂੰ ਵੀ ਕੀਤਾ ਜਾਵੇਗਾ ਤਬਦੀਲ, ਟ੍ਰੈਫਿਕ ਜਾਮ ਤੋਂ ਮਿਲੇਗੀ ਰਾਹਤ

ਵਰਲਡ ਪੰਜਾਬੀ ਟਾਈਮਜ਼
ਗੁਰਪ੍ਰੀਤ ਚਹਿਲ

ਬਠਿੰਡਾ, 11 ਮਾਰਚ : ਸ਼ਹਿਰ ਦੇ ਵਿਕਾਸ ਨੂੰ ਹੁਲਾਰਾ ਦਿੰਦੇ ਹੋਏ, ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਲਗਭਗ 40 ਸਾਲਾਂ ਤੋਂ ਲਟਕ ਰਹੇ ਭਾਗੂ ਰੋਡ ਚੌੜਾ ਕਰਨ ਦੇ ਪ੍ਰੋਜੈਕਟ ਦਾ ਨੀਂਹ ਪੱਥਰ ਰੱਖ ਕੇ ਸ਼ੁਭ ਆਰੰਭ ਕੀਤਾ। ਲਗਭਗ 1.5 ਕਰੋੜ ਰੁਪਏ ਦੀ ਲਾਗਤ ਵਾਲਾ ਇਹ ਪ੍ਰੋਜੈਕਟ ਸੜਕ ਨੂੰ ਚੌੜਾ ਅਤੇ ਸੁੰਦਰ ਬਣਾਏगा, ਜਦੋਂ ਕਿ ਸੜਕ ਵਿੱਚ ਰੁਕਾਵਟ ਪਾਉਣ ਵਾਲੇ ਬਿਜਲੀ ਦੇ ਖੰਭਿਆਂ ਨੂੰ ਵੀ ਤਬਦੀਲ ਕੀਤਾ ਜਾਵੇਗਾ, ਜਿਸ ਨਾਲ ਭਵਿੱਖ ਵਿੱਚ ਆਵਾਜਾਈ ਦਾ ਪ੍ਰਵਾਹ ਸੁਚਾਰੂ ਹੋਵੇਗਾ।

ਇਸ ਮੌਕੇ ਸ੍ਰੀ ਟਹਿਲ ਸਿੰਘ ਬੁੱਟਰ ਦੀ ਅਗਵਾਈ ਵਿੱਚ ਵਿਸ਼ਾਲ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ ਵਿੱਚ ਸ਼ਹਿਰ ਦੀਆਂ ਕਈ ਪ੍ਰਮੁੱਖ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ। ਇਸ ਦੌਰਾਨ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਅਮਰਜੀਤ ਮਹਿਤਾ, ਸੀਨੀਅਰ ਡਿਪਟੀ ਮੇਅਰ ਸ੍ਰੀ ਸ਼ਾਮ ਲਾਲ ਜੈਨ, ਕੌਂਸਲਰ ਸ੍ਰੀ ਬਲਰਾਜ ਸਿੰਘ ਪੱਕਾ, ਕੌਂਸਲਰ ਸ੍ਰੀ ਬਲਜਿੰਦਰ ਸਿੰਘ ਰਾਜੂ ਸਰਾਂ, ਸ੍ਰੀ ਅਮਰਿੰਦਰ ਸਿੰਘ ਸਿੱਧੂ, ਸ੍ਰੀ ਡਿੰਪੀ ਬਾਘਲਾ, ਸ੍ਰੀ ਵਿਨੋਦ ਬਾਂਸਲ, ਸ੍ਰੀ ਮੋਨੂੰ ਅਗਰਵਾਲ, ਸ੍ਰੀ ਅਸ਼ਵਨੀ ਬੰਟੀ ਤੇ ਸ੍ਰੀ ਯਾਦਵਿੰਦਰ ਸਿੰਘ ਮਾਨ ਸਮੇਤ ਹੋਰ ਪਤਵੰਤੇ ਮੌਜੂਦ ਸਨ। ਸਮਾਰੋਹ ਦੌਰਾਨ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਦਾ ਹਾਰ ਪਾ ਕੇ ਅਤੇ ਫੁੱਲਾਂ ਦੀ ਵਰਖਾ ਕਰਕੇ ਸ਼ਾਨਦਾਰ ਸਵਾਗਤ ਕੀਤਾ ਗਿਆ।

ਇਸ ਮੌਕੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਦੱਸਿਆ ਕਿ ਪਿਛਲੇ 40 ਸਾਲਾਂ ਤੋਂ ਇਲਾਕੇ ਦੇ ਵਸਨੀਕ ਭਾਗੂ ਰੋਡ ਨੂੰ ਚੌੜਾ ਕਰਨ ਦੀ ਮੰ